ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/4103 ਮਿਤੀ : 28/7/17
ਵਲੋਂ,

11/8/17

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ੍ਹ।

4599

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

**ਯਾਦ ਪੱਤਰ :**

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਗੁਲਜਾਰ ਸਿੰਘ ਪੁੱਤਰ ਸ੍ਰੀ ਭਗੋਲ ਖੁਰਦ, ਪਿੰਡ ਭਗੋਲ ਖੁਰਦ, ਡਾਕ: ਕੁਰਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 29.06.2017 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ੍ਹ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ ਪੱ.ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਗੁਲਜਾਰ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 29.06.2017 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।
ਸਹਿਪੱਤਰ/ ਉਪਰੋਕਤ ਅਨੁਸਾਰ।

ਦਫਤਰ:- ਰਜਿਸਟਰਾਰ, ਸਹਿਕਾਰੀ ਸਭਾਵਾਂ
ਪੰਜਾਬ, ਚੰਡੀਗੜ੍ਹ
ਡਾਇਰੀ ਨੰ..... 666
ਮਿਤੀ..... 16/8/17

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ: ਸੀ.ਸਹਾਇਕ (ਅਮਲਾ)/ ਸੰ:ਰ:ਜ:/ ...4101....... ਮਿਤੀ : ...28/7/17......

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

ਸ੍ਰੀ ਗੁਲਜਾਰ ਸਿੰਘ ਪੁੱਤਰ ਸ੍ਰੀ ਭਗੋਲ ਖੁਰਦ,
ਪਿੰਡ ਭਗੋਲ ਖੁਰਦ, ਡਾਕ: ਕੁਰਾਲਾ,
ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ।

ਵਿਸ਼ਾ :- ਆਰ.ਟੀ.ਆਈ.ਐਕਟ-2005 ਅਧੀਨ ਸੂਚਨਾ ਨਾ ਦੇਣ ਬਾਰੇ ਅਪੀਲ ਸਬੰਧੀ।

ਹੁਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ, ਜਿਸ ਅਨੁਸਾਰ ਅਪੀਲਕਰਤਾ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਦਰਖਾਸਤ ਮਿਤੀ : 23.02.2017 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਪਾਸੋਂ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਸੀ। ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 26.12.2016 ਅਨੁਸਾਰ ਸਹਾਇਕ ਰਜਿਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਦਸੂਹਾ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ।

ਇਸ ਅਪੀਲ ਦੀ ਸੁਣਵਾਈ ਹਿੱਤ ਅਪੀਲਕਰਤਾ ਅਤੇ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਹੁਸ਼ਿਆਰਪੁਰ ਅਤੇ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਹੁਸ਼ਿਆਰਪੁਰ ਅਤੇ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਦਸੂਹਾ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਹੁਸ਼ਿਆਰਪੁਰ ਵਲੋਂ ਉਨ੍ਹਾਂ ਦੇ ਪੱਤਰ ਨੰ : ਸੁਪਰਡੈਂਟ/ ਡੀ.ਆਰ.ਐਚ./ 492, ਮਿਤੀ : 16.06.2017 ਰਾਹੀਂ ਰਿਪੋਰਟ ਕੀਤੀ ਗਈ ਕਿ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ

ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਦਸੂਹਾ ਵਲੋਂ ਉਨ੍ਹਾਂ ਦੇ ਪੱਤਰ ਨੰ : ਸੁਪਰਡੈਂਟ/ ਸਰਦ/ 1294, ਮਿਤੀ : 01.06.2017 ਰਾਹੀਂ ਮੰਗੀ ਗਈ ਸੂਚਨਾ ਪ੍ਰਾਰਥੀ ਨੂੰ ਭੇਜੀ ਜਾ ਚੁੱਕੀ ਹੈ।

ਮਿਤੀ : 20.06.2017 ਨੂੰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਦਸੂਹਾ ਨੂੰ ਪ੍ਰਾਰਥੀ ਵਲੋਂ ਦਿੱਤੀ ਗਈ ਦਰਖਾਸਤ ਮਿਤੀ : 26.12.2016 ਮੁਤਾਬਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਰਥੀ ਨੂੰ ਡਲਿਵਰ ਕਰਵਾਉਣ ਲਈ ਹਦਾਇਤ ਕੀਤੀ ਗਈ। ਪ੍ਰਾਰਥੀ ਨੂੰ ਡਲਿਵਰ ਕਰਵਾਈ ਗਈ ਮੁਕੰਮਲ ਸੂਚਨਾ ਦੀ ਕੰਨਫਰਮੇਸ਼ਨ ਵਾਸਤੇ ਇਸ ਅਦਾਲਤ ਵਲੋਂ ਅਪੀਲ ਦੀ ਸੁਣਵਾਈ ਦੀ ਅਗਲੀ ਮਿਤੀ : 29.06.2017 ਰੱਖੀ ਗਈ।

ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਦਸੂਹਾ ਵਲੋਂ ਉਨ੍ਹਾਂ ਦੇ ਪੱਤਰ ਪਿੱਠ ਅੰਕਣ ਨੰ : ਸੁਪਰਡੈਂਟ/ ਸਰਦ/ 1460-62, ਮਿਤੀ : 28.06.2017 (ਜੋ ਕਿ ਪ੍ਰਾਰਥੀ/ ਅਪੀਲਕਰਤਾ ਨੂੰ ਐਡਰੈਸ ਹੈ) ਰਾਹੀਂ ਪ੍ਰਾਰਥੀ ਵਲੋਂ ਆਰ.ਟੀ.ਆਈ.ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਰਥੀ ਨੂੰ ਭੇਜ ਕੇ ਇਸ ਦਫਤਰ ਨੂੰ ਸੂਚਿਤ ਕੀਤਾ ਗਿਆ। ਸਹਾਇਕ ਰਜਿਸਟਰਾਰ ਵਲੋਂ ਇਸ ਪੱਤਰ ਨਾਲ ਪ੍ਰਾਰਥੀ ਵਲੋਂ ਮਿਤੀ : 28.06.2017 ਨੂੰ ਦਸਤੀ ਪ੍ਰਾਪਤ ਕੀਤੀ ਗਈ ਸੂਚਨਾ ਦੀ ਰਸੀਦ ਦੀ ਫੋਟੋਸਟੇਟ ਕਾਪੀ ਵੀ ਨੱਥੀ ਕੀਤੀ ਗਈ ਹੈ।

ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਦਸੂਹਾ ਵਲੋਂ ਕੀਤੀ ਗਈ ਰਿਪੋਰਟ ਅਤੇ ਪ੍ਰਾਰਥੀ ਵਲੋਂ ਸੂਚਨਾ ਪ੍ਰਾਪਤ ਕਰਨ ਸਬੰਧੀ ਦਿੱਤੀ ਗਈ ਰਸੀਦ ਤੋਂ ਇਹ ਸਾਬਤ ਹੁੰਦਾ ਹੈ ਕਿ ਪ੍ਰਾਰਥੀ ਵਲੋਂ ਮੰਗੀ ਗਈ ਮੁਕੰਮਲ ਸੂਚਨਾ ਉਸਨੂੰ ਪ੍ਰਾਪਤ ਹੋ ਚੁੱਕੀ ਹੈ।

ਉਪਰੋਕਤ ਨੂੰ ਮੁੱਖ ਰੱਖਦੇ ਹੋਏ ਅਪੀਲ ਖਾਰਜ ਕੀਤੀ ਜਾਂਦੀ ਹੈ।

ਮਿਤੀ : 29.06.2017.

(ਦਰਸ਼ਨ ਸਿੰਘ)
ਸੰਯੁਕਤ ਰਜਿਸਟਰਾਰ,
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।